# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ
# ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ
# ਪੰਜਾਬ ਐਸ.ਸੀ.ਓ. 104-106, ਸੈਕਟਰ 34 ਏ, ਚੰਡੀਗੜ੍ਹ

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ)
ਪੰਜਾਬ

ਮੀਮੋ ਨੰ. ਏ.ਐਸ.ਪੀ.ਡੀ(ਈ.ਮੀਡੀਆ)/ਐਸ.ਐਸ.ਏ/2010/24151
ਮਿਤੀ ਚੰਡੀਗੜ੍ਹ 05/02/10

**ਵਿਸ਼ਾ:- ਆਂਗਨਵਾੜੀ ਵਰਕਰ ਨੂੰ ਐਜੂਸੈਟ ਤੋਂ ਮੀਟਿੰਗ ਸਬੰਧੀ।**
ਹਵਾਲਾ:- ਏ.ਐਸ.ਪੀ.ਡੀ(ਈ.ਮੀਡੀਆ)/ਐਸ.ਐਸ.ਏ/2010/23543-23562 ਮਿਤੀ ਚੰਡੀਗੜ੍ਹ 03.02.2010

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਸਰਕਾਰ ਵੱਲੋਂ ਸਕੂਲਾਂ ਵਿੱਚ ਦਾਖਲੇ ਦੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਦੇਣ ਲਈ ਵੱਖ-ਵੱਖ ਪ੍ਰੋਗਰਾਮ ਉਲੀਕੇ ਗਏ ਹਨ। ਇਸੇ ਤਹਿਤ ਹੀ ਪਿਛਲੀਆਂ ਮੀਟਿੰਗਾਂ ਦੌਰਾਨ ਆਪ ਜੀ ਨਾਲ ਵੀ ਇਸ ਮਾਮਲੇ ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਸੀ। ਆਪ ਵੱਲੋਂ ਆਏ ਸੁਝਾਵਾਂ ਦੇ ਸਬੰਧ ਵਿੱਚ ਇਹ ਫੈਸਲਾ ਕੀਤਾ ਗਿਆ ਹੈ ਕਿ ਸਮੂਹ ਆਂਗਨਵਾੜੀ ਵਰਕਰ ਨੂੰ ਪਸਵਕ ਦਾ ਮੈਂਬਰ ਬਣਾਇਆ ਗਿਆ ਹੈ। ਹੁਣ ਇਹ ਵੀ ਸੁਝਾਅ ਪ੍ਰਾਪਤ ਹੋਏ ਹਨ ਕਿ ਆਂਗਨਵਾੜੀ ਵਰਕਰ ਸਰਕਾਰੀ ਸਕੂਲਾਂ ਦੇ ਅੰਦਰ ਵਿਦਿਆਰਥੀਆਂ ਦਾ ਦਾਖਲਾ ਵਧਾਉਣ ਸਬੰਧੀ ਵਿਸ਼ੇਸ਼ ਭੂਮਿਕਾ ਨਿਭਾ ਸਕਦੀਆਂ ਹਨ ਕਿ ਜੇਕਰ ਇਹਨਾਂ ਦੀ ਕੋਈ ਟ੍ਰੇਨਿੰਗ ਵਗੈਰਾ ਕਰਵਾ ਕੇ ਇਹਨਾਂ ਨੂੰ ਮੋਟੀਵੇਟ ਕੀਤਾ ਜਾਵੇ। ਤਾਂ ਜੋ ਇਹ ਆਂਗਨਵਾੜੀ ਵਰਕਰ ਸਕੂਲ ਪ੍ਰਬੰਧ ਨਾਲ ਜੁੜਨ ਅਤੇ ਬੱਚਿਆਂ ਦੇ ਮਾਪਿਆਂ ਨੂੰ ਅੱਗੋਂ ਇਹ ਮੋਟੀਵੀਏਟ ਕਰਕੇ ਸਰਕਾਰੀ ਸਕੂਲਾਂ ਅੰਦਰ ਬੱਚਿਆਂ ਨੂੰ ਦਾਖਲ ਕਰਵਾਉਣ।

3.0 ਸਮੂਹ ਆਂਗਨਵਾੜੀ ਵਰਕਰ ਦੀ ਮਿਤੀ 9.2.2010 ਨੂੰ ਬਾਅਦ ਦੁਪਹਿਰ 2 ਵਜੇ ਤੋਂ ਲੈ ਕੇ 4 ਵਜੇ ਤੱਕ ਐਜੂਸੈਟ ਤੋਂ ਇਕ ਮੀਟਿੰਗ ਲਈ ਜਾ ਰਹੀ ਹੈ। ਇਸ ਮੀਟਿੰਗ ਵਿੱਚ ਸਮੂਹ ਆਂਗਨਵਾੜੀ ਵਰਕਰ ਵੱਲੋਂ ਭਾਗ ਲਿਆ ਜਾਣਾ ਹੈ। ਇਸ ਸਬੰਧੀ ਸੂਚਨਾ ਸਮਾਜਿਕ ਸੁਰੱਖਿਆ ਅਤੇ ਇਸਤਰੀ ਬਾਲ ਵਿਕਾਸ ਵਿਭਾਗ ਵੱਲੋਂ ਆਪਣੇ ਅਧਿਕਾਰੀਆਂ ਨੂੰ ਹਦਾਇਤਾਂ ਕਰ ਦਿੱਤੀਆਂ ਹਨ। ਪਰ ਇਸ ਸਬੰਧ ਵਿੱਚ ਸਮੂਹ ਜ਼ਿਲ੍ਹਾ ਕੋਆਰਡੀਨੇਟਰ ਪੜ੍ਹੋ ਪੰਜਾਬ ਨੂੰ ਜ਼ਿਲ੍ਹਾ ਪੱਧਰ ਤੇ ਜ਼ਿਲ੍ਹਾ ਕੋਆਰਡੀਨੇਟਰ ਐਜੂਸੈਟ ਨਾਲ ਸੰਪਰਕ ਅਤੇ ਬਲਾਕ ਪੱਧਰ ਤੇ ਬੀ.ਐਮ.ਟੀ. ਰਾਹੀਂ SITS ਦੀ ਪਹਿਲਾ ਹੀ ਸ਼ਨਾਖ਼ਤ ਕਰਨ ਵਜੋਂ ਸੂਚਿਤ ਕਰ ਦਿੱਤਾ ਜਾਵੇ ਤਾਂ ਜੋ ਕਿਸੇ ਕਿਸਮ ਦੀ ਕੋਈ ਦਿੱਕਤ ਪੇਸ਼ ਨਾ ਆਵੇ। ਅਤੇ ਸੁਚਾਰੂ ਤਰੀਕੇ ਨਾਲ ਇਸ ਮੀਟਿੰਗ ਨੂੰ ਕਰਵਾਇਆ ਜਾ ਸਕੇ।

4.0 ਐਜੂਸੈਟ ਤੋਂ ਹੋਣ ਵਾਲੀ ਮੀਟਿੰਗ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ), ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਜ਼ਿਲ੍ਹਾ ਕੋਆਰਡੀਨੇਟਰ ਪੜ੍ਹੋ ਪੰਜਾਬ, ਜ਼ਿਲ੍ਹਾ ਪ੍ਰੋਜੈਕਟ ਕੋਆਰਡੀਨੇਟਰ, ਬਲਾਕ ਪ੍ਰੋਜੈਕਟ ਕੋਆਰਡੀਨੇਟਰ ਅਤੇ ਸਮੂਹ ਬੀ.ਐਮ.ਟੀਜ਼ ਹਾਜ਼ਰ ਰਹਿਣਗੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**

ਪਿੱਠਅੰਕਣ ਨੰ. ਉਕਤ ਮਿਤੀ

ਉਤਾਰਾ(1) ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਪੰਜਾਬ।
(2) ਸਮੂਹ ਜ਼ਿਲ੍ਹਾ ਕੋਆਰਡੀਨੇਟਰ ਪੜ੍ਹੋ ਪੰਜਾਬ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**